# ਆਕਾਸ਼ਵਾਣੀ ਜਲੰਧਰ

## ਪ੍ਰਦੇਸ਼ਿਕ ਖਬਰਾਂ ਪੰਜਾਬੀ

**18:20 Pm**

**ਮਿਤੀ: 22-04-2024**

- ਚੋਣ ਕਮਿਸ਼ਨ ਨੇ ਵਧਦੇ ਤਾਪਮਾਨ ਤੇ ਗਰਮੀ ਦੀ ਚੇਤਾਵਨੀ ਨੂੰ ਵੇਖਦਿਆਂ ਵੱਖ-ਵੱਖ ਪਾਰਟੀਆਂ ਨਾਲ ਮੀਟਿੰਗ ਦੌਰਾਨ ਹੀਟ ਵੇਵ ਕਾਰਨ ਪੈਦਾ ਹੋਣ ਵਾਲੇ ਖ਼ਤਰਿਆਂ ਨਾਲ ਨਜਿੱਠਣ ਦੇ ਉਪਾਵਾਂ ਬਾਰੇ ਚਰਚਾ ਕੀਤੀ।
- ਸ਼ਿਰੋਮਣੀ ਅਕਾਲੀ ਦਲ ਨੇ ਲੋਕਸਭਾ ਚੋਣਾਂ ਲਈ ਚੰਡੀਗੜ੍ਹ ਦੇ ਇਕ ਤੇ ਪੰਜਾਬ ਦੇ ਪੰਜ ਹਲਕਿਆਂ ਤੋਂ ਉਮੀਦਵਾਰ ਐਲਾਨੇ, ਕਾਂਗਰਸ ਪਾਰਟੀ ਦੇ ਸੀਨੀਅਰ ਆਗੂ ਮਹਿੰਦਰ ਸਿੰਘ ਕੇ ਪੀ ਨੇ ਸ਼੍ਰੋਮਣੀ ਅਕਾਲੀ ਦਲ ਦਾ ਪੱਲਾ ਫੜਿਆ।
- ਵਿਸ਼ਵ ਧਰਤੀ ਦਿਵਸ ਤੇ ਪੁਸ਼ਪਾ ਗੁਜਰਾਲ ਸਾਇੰਸ ਸਿਟੀ ਕਪੂਰਥਲਾ ਵਿਖੇ ਆਯੋਜਿਤ ਸਮਾਗਮ ਦੌਰਾਨ ਪਲਾਸਟਿਕ ਪ੍ਰਦੂਸ਼ਣ ਘਟਾਉਣ ਦੀ ਜਰੂਰਤ ਤੇ ਜ਼ੋਰ ਦਿੱਤਾ ਗਿਆ।

- ਲੋਕ ਸਭਾ ਚੋਣਾਂ ਦੇ ਮੱਦੇਨਜ਼ਰ ਵੋਟਰਾਂ ਨੂੰ ਜਾਗਰੂਕ ਕਰਨ ਲਈ ਕਰਵਾਈਆਂ ਜਾ ਰਹੀਆਂ ਗਤੀਵਿਧੀਆਂ ਵਿਚ ਅੰਮ੍ਰਿਤਸਰ ਜ਼ਿਲੇ ਨੇ ਪੰਜਾਬ ਵਿੱਚ ਪਹਿਲਾ ਸਥਾਨ ਹਾਸਿਲ ਕੀਤਾ।

---------------------------------------------------

ਚੋਣ ਕਮਿਸ਼ਨ ਨੇ ਆਉਣ ਵਾਲੇ ਦਿਨਾਂ ਵਿੱਚ ਵਧਦੇ ਤਾਪਮਾਨ ਅਤੇ ਗਰਮੀ ਦੀਆਂ ਲਹਿਰਾਂ ਦੀ ਚੇਤਾਵਨੀ ਦੇ ਵਿਚਕਾਰ ਅੱਜ ਵੱਖ-ਵੱਖ ਪਾਰਟੀਆਂ ਨਾਲ ਮੀਟਿੰਗ ਕੀਤੀ। ਇਸ ਵਿੱਚ ਹੀਟ ਵੇਵ ਕਾਰਨ ਪੈਦਾ ਹੋਣ ਵਾਲੇ ਖ਼ਤਰਿਆਂ ਨਾਲ ਨਜਿੱਠਣ ਦੇ ਉਪਾਵਾਂ ਬਾਰੇ ਚਰਚਾ ਕੀਤੀ ਗਈ। ਮੀਟਿੰਗ ਵਿੱਚ ਮੌਸਮ ਵਿਭਾਗ, ਰਾਸ਼ਟਰੀ ਆਫ਼ਤ ਪ੍ਰਬੰਧਨ ਅਥਾਰਟੀ ਅਤੇ ਸਿਹਤ ਮੰਤਰਾਲੇ ਦੇ ਅਧਿਕਾਰੀਆਂ ਨੇ ਹਿੱਸਾ ਲਿਆ। ਇਸ ਦੌਰਾਨ ਕੌਮੀ ਆਫ਼ਤ ਪ੍ਰਬੰਧਨ ਅਥਾਰਿਟੀ ਨੇ ਲੋਕਾਂ ਨੂੰ ਤਾਪਮਾਨ ਵਧਣ ਦੇ ਮੱਦੇਨਜ਼ਰ ਲੂ ਤੋਂ ਬਚਣ ਲਈ ਸਾਵਧਾਨੀ ਵਰਤਣ ਲਈ ਆਖਿਆ ਏ।

***<u>ਵੇਰਵੇ ਨਾਲ ਇਹ ਰਿਪੋਰਟ:  ਡਿਸਪੈਚ: ਕੌਮੀ ਆਫ਼ਤ ਪ੍ਰਬੰਧਨ ਅਥਾਰਿਟੀ ਨੇ ਲੋਕਾਂ ਨੂੰ ਸਲਾਹ ਦੇਂਦਿਆਂ ਕਿਹਾ ਏ ਕਿ ਸਿੱਧੀ ਧੁੱਪ</u>***

*ਵਿਚ ਬਾਹਰ ਨਿਕਲਣ ਤੋਂ ਬਚੋ, ਛਾਂ ਵਿੱਚ ਰਹੋ। ਸਵੇਰੇ 11 ਵਜੇ ਤੋਂ ਸ਼ਾਮ 4 ਵਜੇ ਤਕ ਬਾਹਰ ਜਾਣ ਤੋਂ ਪਰਹੇਜ ਕਰੋ। ਜਰੂਰੀ ਮਿਕਦਾਰ ਵਿਚ ਪਾਣੀ ਪਿਓ। ਸਿਰ ਨੂੰ ਟੋਪੀ ਜਾਂ ਤੋਲੀਏ ਨਾਲ ਢੱਕ ਕੇ ਰੱਖੋ। ਜੇਕਰ ਕਿਸੇ ਨੂੰ ਲੂ ਲੱਗੀ ਹੋਵੇ ਤਾਂ ਉਸਨੂੰ ਆਈਸਪੈਕ ਤੇ ਠੰਡੇ ਪਾਣੀ ਨਾਲ ਠੰਡਾ ਕਰੋ ਅਤੇ ਤੁਰੰਤ ਹਸਪਤਾਲ ਲੈਕੇ ਜਾਓ, ਘਰ ਵਿੱਚ ਨਮਕ ਤੇ ਖੰਡ ਵਾਲੇ ਪਾਣੀ ਦਾ ਘੋਲ ਇਲਕਟ੍ਰੋ ਲਾਇਟ੍ਰਸ ਰੱਖੋ। ਬੱਚਿਆਂ ਤੇ ਬਜ਼ੁਰਗਾਂ ਨੂੰ ਲੂ ਲੱਗਣ ਦਾ ਖਤਰਾ ਵਧੇਰੇ ਹੁੰਦਾ ਏ ਇਸ ਲਈ ਇਨਾਂ ਦਾ ਖਾਸ ਧਿਆਨ ਰੱਖੋ। ਬੱਚਿਆਂ ਨੂੰ ਲੂ ਤੋਂ ਬਚਾਉਣ ਲਈ ਹਮੇਸ਼ਾ ਆਪਣੇ ਨਾਲ ਪਾਣੀ ਦੀ ਬੋਤਲ ਰੱਖੋ, ਨੀਮਬੂ ਪਾਣੀ, ਲੱਸੀ, ਨਾਰਿਯਲ ਪਾਣੀ ਅਤੇ ਤਾਜੇ ਫਲਾਂ ਦੇ ਜੂਸ ਦੀ ਲਗਾਤਾਰ ਵਰਤੋਂ ਕਰੋ। ਹਲਕੇ ਰੰਗ ਦੇ ਢਿਲੇ ਸੂਤੀ ਕੱਪੜੇ ਪਹਿਨੋ, ਗਰਮੀ ਦੇ ਮੌਸਮ ਵਿਚ ਜੰਕ ਫ਼ੂਡ ਦੀ ਵਰਤੋਂ ਨਾ ਕਰੋ, ਜੇ ਕਰ ਬੱਚਿਆਂ ਨੂੰ ਚੱਕਰ ਆਵੇ, ਉਲਟੀ, ਘਬਰਾਹਟ ਜਾਂ ਤੇਜ ਸਿਰ ਪੀੜ ਹੋਵੇ, ਛਾਤੀ ਵਿਚ ਪੀੜ ਹੋਵੇ ਜਾਂ ਸਾਹ ਲੈਣ ਵਿਚ ਤਕਲੀਫ ਹੋ ਰਹੀ ਹੋਵੇ ਤਾਂ ਤੁਰੰਤ ਡਾਕਟਰ ਦੀ ਮਦਦ ਲਵੋ ਈ ਯਕੀਨਨ ਕੁਝ ਅਜਿਹੀਆਂ*

***ਅਹਿਮ ਸਾਵਧਾਨੀਆਂ ਵਰਤ ਕੇ ਤੇਜ ਗਰਮੀ ਅਤੇ ਲੂ ਤੋਂ ਆਪਣਾ ਤੇ ਆਪਣੇ ਹੋਰ ਪਰਿਵਾਰਕ ਮੈਂਬਰਾਂ  ਦਾ ਬਚਾਅ  ਕੀਤਾ ਜਾ ਸਕਦਾ ਏ ।ਸ਼ਿਸ਼ੂ ਸ਼ਰਮਾ ਸ਼ਾਂਤਲ, ਆਕਾਸ਼ਵਾਣੀ ਸਮਾਚਾਰ, ਜਲੰਧਰ***

-----------------------------------------------------

ਪੰਜਾਬ ਦੇ ਮੁੱਖ ਚੋਣ ਅਧਿਕਾਰੀ ਦਫ਼ਤਰ ਵੱਲੋਂ ਸ਼ੁਰੂ ਕੀਤੇ ਗਏ ਪੋਡਕਾਸਟ ਦਾ ਦੂਜਾ ਐਪੀਸੋਡ ਸੋਸ਼ਲ ਮੀਡੀਆ ਦੇ ਅਧਿਕਾਰਤ ਪੇਜ਼ਾਂ ਫੇਸਬੁੱਕ, ਇੰਸਟਾਗ੍ਰਾਮ, ਐਕਸ ਅਤੇ ਯੂ ਟਿਊਬ ‘ਤੇ ਰਿਲੀਜ਼ ਕਰ ਦਿੱਤਾ ਗਿਆ ਏ । ਇਸ ਵਿੱਚ ਮੁੱਖ ਚੋਣ ਅਧਿਕਾਰੀ ਸਿਬਿਨ ਸੀ ਨੇ ਲੋਕ ਸਭਾ ਚੋਣਾਂ - 2024 ਵਿੱਚ ‘ਇਸ ਵਾਰ 70 ਪਾਰ ਦੇ ਟੀਚੇ’ ਨੂੰ ਪ੍ਰਾਪਤ ਕਰਨ ਲਈ ਚੁੱਕੇ ਜਾ ਰਹੇ ਕਦਮਾਂ ਬਾਰੇ ਵਿਸਥਾਰ ਨਾਲ ਜਾਣਕਾਰੀ ਦਿੱਤੀ ਏ । ਉਨਾਂ ਦੱਸਿਆ ਕਿ ਭਾਰਤ ਚੋਣ ਕਮਿਸ਼ਨ ਵੱਲੋਂ ‘ਇਸ ਵਾਰ 70 ਪਾਰ’ ਦਾ ਟੀਚਾ ਮਿੱਥਿਆ ਗਿਆ ਏ, ਜਿਸ ਨੂੰ ਪ੍ਰਾਪਤ ਕਰਨ ਲਈ ਸਾਰੇ ਜ਼ਿਲ੍ਹਿਆਂ ਵਿੱਚ ਵੱਡੇ ਪੱਧਰ ‘ਤੇ ਜਾਗਰੂਕਤਾ ਮੁਹਿੰਮਾਂ ਚੱਲ ਰਹੀਆਂ ਨੇ । ਉਨ੍ਹਾਂ ਕਿਹਾ ਕਿ ਇਨ੍ਹਾਂ ਮੁਹਿੰਮਾਂ ਦੌਰਾਨ ਵੋਟਰਾਂ ਨੂੰ ਬਿਨਾਂ ਕਿਸੇ ਦਬਾਅ ਅਤੇ ਨਿਰਪੱਖ ਤਰੀਕੇ ਨਾਲ ਵੋਟ ਦੇ ਅਧਿਕਾਰ ਦੀ ਵਰਤੋਂ ਕਰਨ ਲਈ

ਪ੍ਰੇਰਿਆ ਜਾ ਰਿਹਾ ਏ ਤਾਂ ਜੋ ਲੋਕੰਤਤਰ ਦੇ ਇਸ ਸਭ ਤੋਂ ਵੱਡੇ ਤਿਉਹਾਰ ਵਿੱਚ ਉਨ੍ਹਾਂ ਦੀ ਸ਼ਮੂਲੀਅਤ ਨੂੰ ਯਕੀਨੀ ਬਣਾਇਆ ਜਾ ਸਕੇ। ਉਨ੍ਹਾਂ ਚੋਣਾਂ ਵਿੱਚ ਨੌਜਵਾਨ ਵੋਟਰਾਂ ਦੀ ਭਾਗੀਦਾਰੀ ਯਕੀਨੀ ਬਣਾਉਣ ਲਈ ਸੋਸ਼ਲ ਮੀਡੀਆ ਉੱਤੇ ਚਲਾਈਆਂ ਜਾ ਰਹੀਆਂ ਵਿਸ਼ੇਸ਼ ਮੁਹਿੰਮਾਂ ਦਾ ਵੀ ਜ਼ਿਕਰ ਕੀਤਾ ਏ। ਸਿਬਿਨ ਸੀ ਨੇ ਪੋਡਕਾਸਟ ਵਿੱਚ ਇਸ ਵਾਰ ਵੋਟਿੰਗ ਦੇ ਸਮੁੱਚੇ ਤਜ਼ਰਬੇ ਨੂੰ ਅਨੰਦਦਾਇਕ ਬਣਾਉਣ ਲਈ ਕੀਤੇ ਜਾ ਰਹੇ ਉਪਰਾਲਿਆਂ ਬਾਰੇ ਬਹੁਤ ਸਪੱਸ਼ਟ ਤਰੀਕੇ ਨਾਲ ਦੱਸਿਆ ਏ ਅਤੇ ਵੋਟਰਾਂ ਦੀ ਸਹੂਲਤ ਲਈ ਕੀਤੇ ਗਏ ਪ੍ਰਬੰਧਾਂ ਉੱਤੇ ਵੀ ਚਾਨਣਾ ਪਾਇਆ ਏ। ਪੋਡਕਾਸਟ ਦੇ ਪਹਿਲੇ ਐਪੀਸੋਡ ਵਿੱਚ ਮੁੱਖ ਚੋਣ ਅਧਿਕਾਰੀ ਵੱਲੋਂ ਸੀ-ਵਿਜ਼ਲ ਐਪਲੀਕੇਸ਼ਨ ਬਾਰੇ ਜਾਣਕਾਰੀ ਦਿੱਤੀ ਗਈ ਸੀ।

-----------------------------------------------------------

ਭਾਜਪਾ ਦੇ ਸੀਨੀਅਰ ਆਗੂ ਅਤੇ ਸਾਬਕਾ ਰਾਜ ਸਭਾ ਮੈਂਬਰ ਅਵਿਨਾਸ਼ ਰਾਏ ਖੰਨਾ ਨੇ ਅੱਜ ਮੋਹਾਲੀ ਵਿਖੇ ਭਾਜਪਾ ਲੀਡਰਸ਼ਿਪ ਅਤੇ ਪਾਰਟੀ ਵਰਕਰਾਂ ਨਾਲ ਇਕ ਮੀਟਿੰਗ ਕੀਤੀ। ਉਨਾਂ ਕਿਹਾ ਕਿ ਸ੍ਰੀ ਆਨੰਦਪੁਰ ਸਾਹਿਬ ਲੋਕ ਸਭਾ ਹਲਕੇ ਤੋਂ ਭਾਜਪਾ ਉਮੀਦਵਾਰ ਦਾ ਐਲਾਨ ਛੇਤੀ ਹੀ

ਹੋ ਜਾਵੇਗਾ। ਉਨਾਂ ਕਿਹਾ ਕਿ ਕੇਂਦਰ ਦੀ ਮੋਦੀ ਸਰਕਾਰ ਦੀਆਂ ਨੀਤੀਆਂ ਨੂੰ ਘਰ-ਘਰ ਤੱਕ ਪਹੁੰਚਾਇਆ ਜਾ ਰਿਹਾ ਏ ਅਤੇ ਕੇਂਦਰ ਸਰਕਾਰ ਦੇ ਕੀਤੇ ਕੰਮਾਂ ਨੂੰ ਦੱਸਿਆ ਜਾ ਰਿਹਾ ਏ। ਉਨ੍ਹਾਂ ਕਿਹਾ ਕਿ ਪੰਜਾਬ ਦੇ ਲੋਕਾਂ ਨੇ ਕਾਂਗਰਸ, ਅਕਾਲੀ ਦਲ ਤੇ ਆਮ ਆਦਮੀ ਪਾਰਟੀ ਨੂੰ ਅਜ਼ਮਾਕੇ ਦੇਖ ਲਿਆ ਹੈ ਅਤੇ ਹੁਣ ਪੰਜਾਬੀ ਭਾਜਪਾ ਨੂੰ ਮੌਕਾ ਦੇ ਕੇ ਨਰੇਂਦਰ ਮੋਦੀ ਨੂੰ ਤੀਜੀ ਵਾਰ ਦੇਸ਼ ਦਾ ਪ੍ਰਧਾਨ ਮੰਤਰੀ ਬਣਾਉਣ ਵਿੱਚ ਅਹਿਮ ਯੋਗਦਾਨ ਪਾਉਣਗੇ।

-------------------------------------------------------------

ਸ਼੍ਰੋਮਣੀ ਅਕਾਲੀ ਦਲ ਨੇ ਲੋਕਸਭਾ ਚੋਣਾਂ ਲਈ ਆਪਣੀ ਦੂਜੀ ਸੂਚੀ ਵਿਚ ਪੰਜਾਬ ਤੇ ਚੰਡੀਗੜ੍ਹ ਤੋਂ ਅੱਜ 6 ਹੋਰ ਉਮੀਦਵਾਰਾਂ ਦਾ ਐਲਾਨ ਕਰ ਦਿੱਤਾ ਏ। ਪਾਰਟੀ ਨੇ ਸਾਬਕਾ ਮੰਤਰੀ ਹਰਸਿਮਰਤ ਕੌਰ ਬਾਦਲ ਨੂੰ ਬਠਿੰਡਾ ਤੋਂ ਆਪਣਾ ਉਮੀਦਵਾਰ ਐਲਾਨਿਆ ਏ। ਜਲੰਧਰ ਤੋਂ ਮਹਿੰਦਰ ਸਿੰਘ ਕੇ ਪੀ, ਫਿਰੋਜ਼ਪੁਰ ਤੋਂ ਨਰਦੇਵ ਸਿੰਘ ਬੋਬੀ ਮਾਨ, ਹੁਸ਼ਿਆਰਪੁਰ ਤੋਂ ਸੋਹਣ ਸਿੰਘ ਠਠਲ ਅਤੇ ਲੁਧਿਆਣਾ ਤੋਂ ਰਣਜੀਤ ਸਿੰਘ ਢਿੱਲੋਂ ਨੂੰ ਉਮੀਦਵਾਰ ਬਣਾਇਆ ਗਿਆ ਏ। ਚੰਡੀਗੜ੍ਹ ਤੋਂ ਪਾਰਟੀ ਨੇ ਹਰਦੀਪ

ਸਿੰਘ ਬਟਰੇਲਾ ਨੂੰ ਆਪਣਾ ਉਮੀਦਵਾਰ ਐਲਾਨਿਆ ਏ। ਅਕਾਲੀ ਦਲ ਹੁਣ ਤਕ ਪੰਜਾਬ ਦੇ 13 ਹਲਕਿਆਂ ਵਿਚੋਂ 12 ਵਿਚ ਆਪਣੇ ਉਮੀਦਵਾਰਾਂ ਦਾ ਐਲਾਨ ਕਰ ਚੁਕਾ ਏ ਅਤੇ ਹੁਣ ਸਿਰਫ ਖਡੂਰ ਸਾਹਿਬ ਲੋਕਸਭਾ ਹਲਕੇ ਤੋਂ ਐਲਾਨ ਬਾਕੀ ਏ।

----------------------------------------------------------------

ਇਸ ਦੌਰਾਨ ਕਾਂਗਰਸ ਪਾਰਟੀ ਦੇ ਸੀਨੀਅਰ ਆਗੂ ਅਤੇ ਸਾਬਕਾ ਕੈਬਨਿਟ ਮੰਤਰੀ ਮਹਿੰਦਰ ਸਿੰਘ ਕੇ ਪੀ ਅੱਜ ਸ਼੍ਰੋਮਣੀ ਅਕਾਲੀ ਦਲ ਵਿਚ ਸ਼ਾਮਲ ਹੋ ਗਏ। ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਜਲੰਧਰ ਵਿਚ ਅੱਜ ਬਾਅਦ ਦੁਪਹਿਰ ਮਹਿੰਦਰ ਸਿੰਘ ਕੇ ਪੀ ਦੀ ਮਾਡਲ ਟਾਊਨ ਸਥਿਤ ਰਿਹਾਇਸ਼ 'ਤੇ ਪੁਜੇ ਅਤੇ ਉਨਾਂ ਨੂੰ ਪਾਰਟੀ ਵਿਚ ਸ਼ਾਮਲ ਕੀਤਾ। ਇਸ ਮੌਕੇ ਮਹਿੰਦਰ ਸਿੰਘ ਕੇ ਪੀ ਨੇ ਕਿਹਾ ਕਿ ਕਾਂਗਰਸ ਨੇ ਉਨ੍ਹਾਂ ਦੇ ਟਕਸਾਲੀ ਪਰਿਵਾਰ ਨੂੰ ਲਗਾਤਾਰ ਅਣਗੌਲਿਆ ਕੀਤਾ ਏ ਜਿਸ ਕਾਰਨ ਉਨ੍ਹਾਂ ਇਹ ਫੈਸਲਾ ਲਿਆ ਅਤੇ ਉਨਾਂ ਨੇ ਪਾਰਟੀ ਨਹੀਂ ਛਾਡਿ ਬਲਕਿ ਉਨਾਂ ਨੂੰ ਅਜਿਹਾ ਫੈਸਲਾ ਲੈਣ ਲਈ ਮਜਬੂਰ ਕੀਤਾ ਗਿਆ ਏ।

---------------------------------------------------------------

ਸੀ ਪੀ ਆਈ ਐਮ ਦੇ ਜਲੰਧਰ ਦਫਤਰ ਵਿਖੇ ਪਾਰਟੀ ਦੇ ਸੂਬਾ ਸੋਸ਼ਲ ਮੀਡੀਆ ਕਰਮੀਆਂ ਤੇ ਜਿਲਾ ਜਲੰਧਰ ਕਪੂਰਥਲਾ ਦੀ ਜਨਰਲ ਬਾਡੀ ਦੀ ਮੀਟਿੰਗ ਹੋਈ। ਇਸ ਮੌਕੇ ਪਾਰਟੀ ਦੇ ਸੂਬਾ ਸਕੱਤਰ ਸੁਖਵਿੰਦਰ ਸਿੰਘ ਸੇਖੋ, ਹਲਕਾ ਜਲੰਧਰ ਤੋਂ ਸੀ ਪੀ ਆਈ ਐਮ ਦੇ ਉਮੀਦਵਾਰ ਮਾਸਟਰ ਪਰਸ਼ੋਤਮ ਲਾਲ ਬਿਲਗਾ ਅਤੇ ਚੋਣ ਮੁਹਿੰਮ ਕਮੇਟੀ ਦੇ ਕਨਵੀਨਰ ਸੁਖਪ੍ਰੀਤ ਸਿੰਘ ਜੌਹਲ ਹਾਜ਼ਰ ਰਹੇ। ਮੀਟਿੰਗ ਨੂੰ ਸੰਬੋਧਨ ਕਰਦੇ ਹੋਏ ਸੁਖਵਿੰਦਰ ਸਿੰਘ ਸੇਖੋਂ ਨੇ ਕਿਹਾ ਕਿ ਮਾਸਟਰ ਪਰਸ਼ੋਤਮ ਲਾਲ ਬਿਲਗਾ ਦੀ ਚੋਣ ਮੁਹਿੰਮ ਨੂੰ ਹੋਰ ਤੇਜ਼ ਕਰਨ ਲਈ ਪਾਰਟੀ ਦੇ ਸਕੱਤਰੇਤ ਮੈਂਬਰਾਂ ਦੀ ਮੀਟਿੰਗ ਕਰਕੇ ਵਿਧਾਨ ਸਭਾ ਹਲਕਿਆਂ ਅੰਦਰ ਚੋਣ ਮੁਹਿੰਮ ਲਈ ਸਬ ਕਮੇਟੀਆਂ ਦਾ ਗਠਨ ਕੀਤਾ ਗਿਆ ਏ।

---------------------------------------------------------------

ਅੱਜ ਵਿਸ਼ਵ ਧਰਤੀ ਦਿਵਸ ਏ। ਇਹ ਦਿਨ ਵਿਸ਼ਵ ਭਰ ਵਿੱਚ ਵਾਤਾਵਰਣ ਸੁਰੱਖਿਆ ਦੇ ਯਤਨਾਂ ਦਾ ਸਮਰਥਨ ਕਰਨ ਲਈ ਮਨਾਇਆ ਜਾਂਦਾ ਏ। ਇਸ ਵਾਰ ਦਾ ਵਿਸ਼ਾ ਏ - ਪਲੈਨੇਟ ਬਨਾਮ ਪਲਾਸਟਿਕ,

ਯਾਨੀ ਪਲਾਸਟਿਕ ਪ੍ਰਦੂਸ਼ਣ ਦੀ ਸਮੱਸਿਆ ਨਾਲ ਨਜਿੱਠਣਾ ਅਤੇ ਧਰਤੀ ਗ੍ਰਹਿ ਨੂੰ ਸੁਰੱਖਿਅਤ ਰੱਖਣ ਦੀ ਦਿਸ਼ਾ ਵਿੱਚ ਕੁਦਰਤ 'ਤੇ ਇਸ ਦੇ ਪ੍ਰਭਾਵ ਨੂੰ ਦੂਰ ਕਰਨਾ। ਸੰਯੁਕਤ ਰਾਸ਼ਟਰ ਨੇ 22 ਅਪ੍ਰੈਲ 1970 ਨੂੰ ਧਰਤੀ ਦਿਵਸ ਸੰਬੰਧੀ ਐਲਾਨ ਕੀਤਾ ਸੀ। ਪੁਸ਼ਪਾ ਗੁਜਰਾਲ ਸਾਇੰਸ ਸਿਟੀ ਕਪੂਰਥਲਾ ਵਿਖੇ ਇਸ ਮੌਕੇ ਤੇ ਆਯੋਜਿਤ ਪ੍ਰੋਗਰਾਮ ਵਿਚ ਪੰਜਾਬ ਭਰ ਤੋਂ ਵਿਦਿਆਰਥੀਆਂ ਅਤੇ ਅਧਿਆਪਕਾਂ ਨੇ ਹਿੱਸਾ ਲਿਆ ਅਤੇ ਪਲਾਸਟਿਕ ਪ੍ਰਦੂਸ਼ਣ ਘਟਾਉਣ ਦੀ ਜਰੂਰਤ ਤੇ ਜ਼ੋਰ ਦਿੱਤਾ। ਸਾਇੰਸ ਸਿਟੀ ਦੇ ਡਾਇਰੈਕਟਰ ਡਾ. ਰਾਜੇਸ਼ ਗਰੋਵਰ ਨੇ ਪਲਾਸਟਿਕ ਤੋਂ ਪੈਦਾ ਹੋ ਰਹੀਆਂ ਵਾਤਾਵਰਣ ਦੀਆਂ ਚੁਣੌਤੀਆਂ ਨਾਲ ਨਜਿੱਠਣ ਦੀ ਗੱਲ ਆਖਦਿਆਂ ਵਿਦਆਰਥੀਆਂ ਨੂੰ ਰਹਿੰਦ—ਖਹੂੰਦ ਨੂੰ ਮੁੜ ਵਰਤੋਂ ਵਿਚ ਲਿਆਉਣ, ਪਲਾਸਟਿਕ ਦੀ ਵਰਤੋਂ ਘਟਾਉਣ, ਸਫ਼ਾਈ ਮੁਹਿੰਮਾਂ ਵਿਚ ਹਿੱਸਾ ਲੈਣ ਵਰਗੀਆਂ ਪਹਿਲਕਦਮੀਆਂ ਪ੍ਰਤੀ ਜਾਗਰੂਕਤਾ ਪੈਦਾ ਕਰਨ ਦੇ ਨਾਲ—ਨਾਲ ਸਥਾਈ ਅਭਿਆਸਾਂ ਨੂੰ ਅਪਣਾਉਣ ਦੀ ਅਪੀਲ ਕੀਤੀ। ਪੰਜਾਬੀ ਯੂਨੀਵਰਸਿਟੀ ਪਟਿਆਲਾ ਦੇ ਜੰਤੂ ਵਿਗਿਆਨ ਵਿਭਾਗ ਦੇ ਸਾਬਕਾ ਮੁੱਖੀ ਡਾ.ਜਗਵੀਰ ਸਿੰਘ ਨੇ ਪਲਾਸਟਿਕ ਦੀ ਮੁੜ ਵਰਤੋਂ ਤੇ

ਚਾਨਣਾ ਪਾਉਂਦਿਆ ਵਾਤਾਵਰਣ ਅਨਕੂਲ ਅਤੇ ਪ੍ਰਭਾਵਸ਼ਾਲੀ ਢੰਗਾਂ ਖਾਸ ਕਰਕੇ ਪੌਲੀਥੀਨ ਰਹਿੰਦ-ਖੂੰਦ ਨਸ਼ਟ ਕਰਨ ਲਈ ਜੈਵਿਕ ਵਿਧੀਆਂ ਅਪਣਾਉਣ ਦੀ ਵਕਾਲਤ ਕੀਤੀ ।

-----------------------------------------------------------

ਅਗਾਮੀ ਲੋਕ ਸਭਾ ਚੋਣਾਂ ਦੇ ਮੱਦੇਨਜ਼ਰ ਵੋਟਰਾਂ ਨੂੰ ਬਿਨਾਂ ਕਿਸੇ ਡਰ ਅਤੇ ਲਾਲਚ ਦੇ ਵੱਧ ਤੋਂ ਵੱਧ ਵੋਟਾਂ ਪਾਉਣ ਲਈ ਜਾਗਰੂਕ ਕਰਨ ਵਾਸਤੇ ਕਰਵਾਈਆਂ ਜਾ ਰਹੀਆਂ ਗਤੀਵਿਧੀਆਂ ਵਿਚ ਅੰਮ੍ਰਿਤਸਰ ਜ਼ਿਲੇ ਨੇ ਪੰਜਾਬ ਵਿੱਚੋਂ ਪਹਿਲਾ ਸਥਾਨ ਹਾਸਿਲ ਕੀਤਾ ਏ । ਮੁੱਖ ਚੋਣ ਦਫ਼ਤਰ ਪੰਜਾਬ ਵਲੋਂ ਜਾਰੀ ਦਰਜਾਬੰਦੀ ਵਿੱਚ ਐਸ.ਏ.ਐਸ.ਨਗਰ ਜ਼ਿਲੇ ਨੇ ਦੂਜਾ ਅਤੇ ਰੂਪਨਗਰ ਜਿਲੇ ਨੇ ਤੀਜਾ ਸਥਾਨ ਹਾਸਲ ਕੀਤਾ । ਪਟਿਆਲਾ ਜਿਲੇ ਨੂੰ ਇਸ ਸਬੰਧੀ ਵਿਸ਼ੇਸ਼ ਗੀਤ ਤਿਆਰ ਕਰਨ ਲਈ ਹੌਸ਼ਲਾ ਵਧਾਊ ਸਥਾਨ ਦਿੱਤਾ ਗਿਆ ਏ । ਅੰਮ੍ਰਿਤਸਰ ਦੇ ਜ਼ਿਲਾ ਚੋਣ ਅਫ਼ਸਰ-ਕਮ-ਡਿਪਟੀ ਕਮਿਸ਼ਨਰ ਘਨਸ਼ਿਯਾਮ ਥੋਰੀ ਨੇ ਕਿਹਾ ਕਿ ਉਨਾਂ ਨੂੰ ਅੱਜ ਹੀ ਮੁੱਖ ਚੋਣ ਦਫ਼ਤਰ ਵਲੋਂ ਇਸ ਬਾਰੇ ਸੂਚਿਤ ਕੀਤਾ ਗਿਆ ਏ । ਉਨਾਂ ਇਸ ਪ੍ਰਾਪਤੀ ਲਈ ਜਿਲੇ ਦੀਆਂ ਸਾਰੀਆਂ ਸਵੀਪ

ਟੀਮਾਂ ਨੂੰ ਵਧਾਈ ਦਿੱਤੀ। 'ਸਵੀਪ' ਕਮੇਟੀ ਦੇ ਮੁਖੀ ਵਧੀਕ ਡਿਪਟੀ ਕਮਿਸ਼ਨਰ ਨਿਕਾਸ ਕੁਮਾਰ ਨੇ ਦੱਸਿਆ ਕਿ ਜਿਲੇ ਵਿੱਚ ਇਸ ਸਬੰਧੀ ਵਿਸ਼ੇਸ਼ ਸੈੱਲ ਸਥਾਪਿਤ ਕੀਤਾ ਗਿਆ ਏ ਜਿਹੜਾ ਸਾਰੀਆਂ ਗਤੀਵਿਧੀਆਂ ਦੀ ਯੋਜਨਾਬੰਦੀ ਅਤੇ ਮਨੀਟਰਿੰਗ ਕਰਦਾ ਏ।

---------------------------------------------------------------

ਈ.ਐਸ.ਆਈ. ਹਸਪਤਾਲ ਹੁਸ਼ਿਆਰਪੁਰ ਦੇ ਐਸ.ਐਮ.ਓ. ਡਾ. ਸੁਨੀਲ ਭਗਤ ਤੇ ਇਕ ਮਰੀਜ਼ ਦੇ ਰਿਸ਼ਤੇਦਾਰਾਂ ਵਲੋਂ ਕੀਤੇ ਗਏ ਹਮਲੇ ਦੇ ਵਿਰੋਧ ਵਿਚ ਅੱਜ ਪੰਜਾਬ ਦੇ ਵੱਖ ਵੱਖ ਹਿੱਸਿਆਂ ਵਿਚ ਡਾਕਟਰਾਂ ਨੇ ਵਿਰੋਧ ਪ੍ਰਦਰਸ਼ਨ ਕੀਤਾ। ਮੁਹਾਲੀ ਜ਼ਿਲ੍ਹਾ ਹਸਪਤਾਲ ਅਤੇ ਮੈਡੀਕਲ ਕਾਲਜ ਦੇ ਡਾਕਟਰਾਂ ਤੇ ਹੋਰ ਸਟਾਫ਼ ਨੇ ਇਕਜੁੱਟਤਾ ਮਾਰਚ ਕਢਿਆ। ਮੁਹਾਲੀ ਦੇ ਸੀਨੀਅਰ ਮੈਡੀਕਲ ਅਫ਼ਸਰ ਡਾ. ਐਚ.ਐਸ.ਚੀਮਾ ਨੇ ਕਿਹਾ ਕਿ ਪੀ.ਸੀ.ਐਮ.ਐਸ.ਏ. ਅਤੇ ਸਮੁੱਚਾ ਸਿਹਤ ਸਟਾਫ਼ ਇਸ ਘਟਨਾ ਦੀ ਪੁਰਜ਼ੋਰ ਨਿਖੇਧੀ ਕਰਦਾ ਏ ਅਤੇ ਪੀੜਤ ਡਾਕਟਰ ਤੇ ਉਨ੍ਹਾਂ ਦੇ ਪਰਵਾਰ ਨਾਲ ਏ। ਉਨ੍ਹਾਂ ਕਿਹਾ ਕਿ ਇਹ ਮੰਦਭਾਗੀ ਗੱਲ ਏ ਕਿ ਮਰੀਜ਼ਾਂ ਦਾ ਇਲਾਜ ਕਰਨ ਵਾਲੇ ਡਾਕਟਰਾਂ ਉਤੇ ਹੀ ਮਰੀਜ਼ਾਂ ਦੇ ਰਿਸ਼ਤੇਦਾਰਾਂ ਵਲੋਂ

ਹਮਲੇ ਕੀਤੇ ਜਾਣ ਦੀਆਂ ਘਟਨਾਵਾਂ ਸਾਹਮਣੇ ਆਉਂਦੀਆਂ ਨੇ। ਏਧਰ ਮਾਤਾ ਕੌਸ਼ਲਿਆ ਹਸਪਤਾਲ ਪਟਿਆਲਾ ਵਿਖੇ PCMS ਡਾਕਟਰਾਂ ਨੇ ਸਵੇਰੇ 9 ਵੱਜੇ ਤੋਂ ਇਕ ਘੰਟੇ ਲਈ ਗੇਟ ਰੈਲੀ ਕੀਤੀ। ਡਾਕਟਰਾਂ ਨੇ ਕਿਹਾ ਕਿ ਸਰਕਾਰੀ ਹਸਪਤਾਲਾਂ ਵਿੱਚ ਡਾਕਟਰਾਂ ਉੱਪਰ ਦਿਨੋਂ ਦਿਨ ਹੋ ਰਹੇ ਹਮਲੇ ਇੱਕ ਚਿੰਤਾ ਦਾ ਵਿਸ਼ਾ ਨੇ।

-----------------------------------------------------------------

ਖਾਲਸਾ ਸਾਜਣਾ ਦਿਵਸ ਤੇ ਵਿਸਾਖੀ ਦਾ ਦਿਹਾੜਾ ਮਨਾਉਣ ਲਈ ਪਾਕਿਸਤਾਨ ਗਿਆ ਸਿੱਖ ਸਰਧਾਲੂਆਂ ਦਾ ਜਥਾ ਅੱਜ ਅਟਾਰੀ ਸਰਹੱਦ ਰਾਹੀਂ ਵਾਪਸ ਵਤਨ ਪਰਤਿਆ। ਸਰਧਾਲੂਆਂ ਨੇ ਕਿਹਾ ਕਿ ਪਾਕਿਸਤਾਨ ਦੀ ਧਰਤੀ ਤੇ ਵਿਛੜੇ ਗੁਰਧਾਮਾਂ ਦੇ ਦਰਸ਼ਨ ਕਰਕੇ ਉਹ ਬੇਹੱਦ ਹੀ ਖੁਸ਼ ਨੇ ਅਤੇ ਸਰਕਾਰ ਦਾ ਧੰਨਵਾਦ ਕਰਦੇ ਨੇ ਜਿਸਨੇ ਵੀਜ਼ੇ ਦਿੱਤੇ ਤੇ ਉਹ ਖੁੱਲ੍ਹੇ ਦਰਸ਼ਨ ਕਰਕੇ ਅੱਜ ਵਾਪਸ ਪਰਤੇ ਨੇ। ਉਨ੍ਹਾ ਕਿਹਾ ਕਿ ਗੁਰਦੁਆਰਾ ਪੰਜਾ ਸਾਹਿਬ ਵਿਖੇ ਪਾਕਿਸਤਾਨ ਸਰਕਾਰ ਵੱਲੋਂ ਸੁਰੱਖਿਆ ਦੇ ਸਖ਼ਤ ਪ੍ਰਬੰਧ ਕੀਤੇ ਗਏ ਸਨ। 925 ਸ਼ਰਧਾਲੂਆਂ ਦਾ ਇਹ ਜਥਾ ਬੀਤੇ 13 ਅਪ੍ਰੈਲ ਨੂੰ ਸ਼੍ਰੋਮਣੀ ਕਮੇਟੀ ਵੱਲੋਂ ਅਟਾਰੀ ਸਰਹੱਦ

ਰਾਹੀਂ ਪਾਕਿਸਤਾਨ ਭੇਜਿਆ ਗਿਆ ਸੀ ਜਦਕਿ ਹੋਰਨਾਂ ਜਥੇਬੰਦੀਆਂ ਤੇ ਸਿੱਖ ਸੰਸਥਾਵਾਂ ਦੇ ਮਿਲਾ ਕੇ ਕੁਲ 2481 ਸ਼ਰਧਾਲੂ ਪਾਕਿਸਤਾਨ ਗਏ ਸਨ।

-----------------------------------------------------

ਇਸ ਦੌਰਾਨ ਜੱਥੇ ਦੇ ਨਾਲ਼ ਗਏ ਪਟਿਆਲਾ ਦੇ ਇਕ ਸਰਧਾਲੂ ਜੰਗੀਰ ਸਿੰਘ ਦੀ ਦੇਰ ਰਾਤ ਹਾਰਟ ਅਟੈਕ ਨਾਲ ਮੌਤ ਹੋ ਗਈ ਸੀ ਗਈ। ਪਾਕਿਸਤਾਨ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਰਮੇਸ਼ ਸਿੰਘ ਅਰੋੜਾ ਨੇ ਦੱਸਿਆ ਕਿ ਪਾਕਿਸਤਾਨ ਉਕਾਫ ਬੋਰਡ ਅਤੇ ਪਾਕਿਸਤਾਨ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਵਲੋਂ ਭਾਰਤੀ ਸ਼ਰਧਾਲੂ ਦੀ ਮ੍ਰਿਤਕ ਦੇਹ ਵਤਨ ਭੇਜਣ ਲਈ ਕਾਗਜ਼ੀ ਕਾਰਵਾਈ ਪੂਰੀ ਕੀਤੀ ਜਾ ਰਹੀ ਏ ਅਤੇ ਭਾਰਤੀ ਸ਼ਰਧਾਲੂ ਦੀ ਮ੍ਰਿਤਕ ਦੇਹ ਨੂੰ ਗੁਰਦੁਆਰਾ ਡੇਰਾ ਸਾਹਿਬ ਲਾਹੌਰ ਵਿਖੇ ਵਿਸ਼ੇਸ਼ ਐਂਬੂਲੈਂਸ ਵਿਚ ਰੱਖਿਆ ਗਿਆ ਏ।

-----------------------------------------------------

**ਅਖੀਰ ਵਿਚ ਖ਼ਾਸ ਖਬਰਾਂ ਇਕ ਵਾਰ ਫੇਰ ਤੋਂ**

- ਚੋਣ ਕਮਿਸ਼ਨ ਨੇ ਵਧਦੇ ਤਾਪਮਾਨ ਤੇ ਗਰਮੀ ਦੀ ਚੇਤਾਵਨੀ ਨੂੰ ਵੇਖਦਿਆਂ ਵੱਖ-ਵੱਖ ਪਾਰਟੀਆਂ ਨਾਲ ਮੀਟਿੰਗ ਦੌਰਾਨ ਹੀਟ ਵੇਵ ਕਾਰਨ ਪੈਦਾ ਹੋਣ ਵਾਲੇ ਖ਼ਤਰਿਆਂ ਨਾਲ ਨਜਿੱਠਣ ਦੇ ਉਪਾਵਾਂ ਬਾਰੇ ਚਰਚਾ ਕੀਤੀ।
- ਸ਼ਿਰੋਮਣੀ ਅਕਾਲੀ ਦਲ ਨੇ ਲੋਕਸਭਾ ਚੋਣਾਂ ਲਈ ਚੰਡੀਗੜ੍ਹ ਦੇ ਇਕ ਤੇ ਪੰਜਾਬ ਦੇ ਪੰਜ ਹਲਕਿਆਂ ਤੋਂ ਉਮੀਦਵਾਰ ਐਲਾਨੇ, ਕਾਂਗਰਸ ਪਾਰਟੀ ਦੇ ਸੀਨੀਅਰ ਆਗੂ ਮਹਿੰਦਰ ਸਿੰਘ ਕੇ ਪੀ ਨੇ ਸ਼੍ਰੋਮਣੀ ਅਕਾਲੀ ਦਲ ਦਾ ਪੱਲਾ ਫੜਿਆ।
- ਵਿਸ਼ਵ ਧਰਤੀ ਦਿਵਸ ਤੇ ਪੁਸ਼ਪਾ ਗੁਜਰਾਲ ਸਾਇੰਸ ਸਿਟੀ ਕਪੂਰਥਲਾ ਵਿਖੇ ਆਯੋਜਿਤ ਸਮਾਗਮ ਦੌਰਾਨ ਪਲਾਸਟਿਕ ਪ੍ਰਦੂਸ਼ਣ ਘਟਾਉਣ ਦੀ ਜਰੂਰਤ ਤੇ ਜ਼ੋਰ ਦਿੱਤਾ ਗਿਆ।
- ਲੋਕ ਸਭਾ ਚੋਣਾਂ ਦੇ ਮੱਦੇਨਜ਼ਰ ਵੋਟਰਾਂ ਨੂੰ ਜਾਗਰੂਕ ਕਰਨ ਲਈ ਕਰਵਾਈਆਂ ਜਾ ਰਹੀਆਂ ਗਤੀਵਿਧੀਆਂ ਵਿਚ ਅੰਮ੍ਰਿਤਸਰ ਜ਼ਿਲੇ ਨੇ ਪੰਜਾਬ ਵਿੱਚ ਪਹਿਲਾ ਸਥਾਨ ਹਾਸਿਲ ਕੀਤਾ।